ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ

Secretariat
Sri Akal Takhat Sahib, Sri Amritsar Sahib

ਨੰਬਰ ਤਮ:ਤ/੨੬/੪੩੭ ਮਿਤੀ ੨੬-੧੦-੨੦੨੬

ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ,
ਕੈਲੀਫੋਰਨੀਆ, ਅਮਰੀਕਾ।

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਗੁਰੂ ਸਵਾਰੇ ਜੀਓ,

ਆਪ ਵੱਲੋਂ ਦਿੱਤੀ ਜਾਣਕਾਰੀ ਮੁਤਾਬਿਕ ਪੱਛਮੀ ਦੇਸ਼ਾਂ ਵਿੱਚ ਬੀਤੇ ਸਮੇਂ ਤੋਂ ਡੈਸਟੀਨੇਸ਼ਨ ਵਿਆਹ ਦਾ ਰੁਝਾਨ ਵੱਧ ਰਿਹਾ ਹੈ, ਜੋ ਕਿ ਗੁਰਮਤਿ ਅਨੁਸਾਰੀ ਨਹੀਂ ਹੈ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਿਤੀ ੨੮-੧੨-੨੦੨੫ ਨੂੰ ਆਦੇਸ਼ (ਅ:ਤ/੨੪੧) ਜਾਰੀ ਕੀਤਾ ਜਾ ਚੁੱਕਾ ਹੈ। ਇਸ ਦੇ ਬਾਵਜੂਦ ਵੀ ਕਿਤੇ-ਕਿਤੇ ਡੈਸਟੀਨੇਸ਼ਨ ਵਿਆਹ ਤਹਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ਾਂ ਦੀ ਉਲੰਘਣਾ ਕਰਦਿਆਂ ਕੁਝ ਲੋਕਾਂ ਵੱਲੋਂ ਅਨੰਦ ਕਾਰਜ ਕਰਵਾਏ ਜਾ ਰਹੇ ਹਨ। ਹਾਲ ਹੀ ਵਿੱਚ ਸੈਕਰਾਮੈਂਟੋ ਅਤੇ ਟੋਰਾਂਟੋ ਤੋਂ ਵੀ ਅਜਿਹੀ ਉਲੰਘਣਾ ਦੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਨੂੰ ਠੱਲ ਪਾਉਣ ਲਈ ਸੈਕਰਾਮੈਂਟੋ ਯੂ.ਐਸ.ਏ. ਦੇ ਨੌ ਗੁਰਦੁਆਰਾ ਸਾਹਿਬਾਨ ਨੇ ਸਾਂਝੇ ਤੌਰ 'ਤੇ ਕਾਰਜਕਰਨੀ ਕਮੇਟੀ ਦਾ ਗਠਨ ਕੀਤਾ ਹੈ। ਜਿਸ ਤਹਿਤ ਸ੍ਰੀ ਅਕਾਲ ਸਾਹਿਬ ਤੋਂ ਹੋਏ ਆਦੇਸ਼ਾਂ ਨੂੰ ਲਾਗੂ ਕਰਵਾਉਣ ਅਤੇ ਇਸ ਦੇ ਪ੍ਰਚਾਰ-ਪ੍ਰਸਾਰ ਲਈ ਸਾਂਝੇ ਯਤਨ ਕੀਤੇ ਜਾਣ ਦਾ ਪ੍ਰਣ ਕੀਤਾ ਗਿਆ ਹੈ। ਇਸ ਸਬੰਧੀ ਮਿਤੀ ੧੭ ਅਕਤੂਬਰ ੨੦੨੬ ਨੂੰ ਗੁਰਦੁਆਰਾ ਸਾਹਿਬ ਵੈਸਟ ਸੈਕਰਾਮੈਂਟੋ ਵਿਖੇ ਕੈਲੀਫੋਰਨੀਆ ਦੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਦੀ ਬੈਠਕ ਸੱਦੀ ਗਈ ਹੈ। ਜਿਸ ਸਬੰਧੀ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਆਪ ਜੀ ਵੱਲੋਂ ਕੀਤੇ ਜਾ ਰਹੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਆਦੇਸ਼ ਕੀਤਾ ਹੈ ਕਿ ਆਪ ਵੱਲੋਂ ਡੈਸਟੀਨੇਸ਼ਨ ਵਿਆਹ ਦੇ ਵਰਤਾਰੇ ਨੂੰ ਰੋਕਣ ਲਈ ਜੋ ਠੋਸ ਰਣਨੀਤੀ ਤੇ ਯੋਜਨਾ ਮਿਤੀ ੧੭ ਅਕਤੂਬਰ ੨੦੨੬ ਦੀ ਹੋਣ ਵਾਲੀ ਇਕੱਤਰਤਾ ਵਿਚ ਤੈਅ ਕਰਨੀ ਹੈ, ਉਸ ਦੀ ਜਾਣਕਾਰੀ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜੀ ਜਾਵੇ। ਅੱਜ ਲੋੜ ਹੈ ਕਿ ਅਜਿਹੇ ਸਾਂਝੇ ਉਪਰਾਲਿਆਂ ਨਾਲ ਵਿਸ਼ਵ ਭਰ ਵਿੱਚ ਵਸਦੇ ਸਿੱਖਾਂ ਨੂੰ ਡੈਸਟੀਨੇਸ਼ਨ ਵਿਆਹ ਨਾ ਕਰਨ ਤੋਂ ਪ੍ਰੇਰਿਤ ਕੀਤਾ ਜਾਵੇ।

ਧੰਨਵਾਦ ਸਹਿਤ

ਸ਼ੁਭਚਿੰਤਕ,
(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : info@sriakaltakhatsahibji.net